# Phone call between Prime Minister Shri Narendra Modi and H.E. SUGA Yoshihide, Prime Minister of Japan

**September 25, 2020**

……………………………………………………………………………………………………

## ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਜਾਪਾਨੀ ਪ੍ਰਧਾਨ ਮੰਤਰੀ ਮਹਾਮਹਿਮ ਸੁਗਾ ਯੋਸ਼ੀਹਿਦੇ ਦਰਮਿਆਨ ਹੋਈ ਫੋਨ 'ਤੇ ਗੱਲਬਾਤ

25 ਸਤੰਬਰ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਜਾਪਾਨ ਦੇ ਪ੍ਰਧਾਨ ਮੰਤਰੀ ਮਹਾਮਹਿਮ ਸੁਗਾ ਯੋਸ਼ੀਹਿਦੇ ਨਾਲ ਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਸੁਗਾ ਨੂੰ ਉਨਾਂ ਦੇ ਜਾਪਾਨੀ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਵੱਲੋਂ ਆਪਣੇ ਟੀਚੇ ਹਾਸਲ ਕਰਨ ਵਿੱਚ ਸਫਲਤਾ ਦੀ ਕਾਮਨਾ ਕੀਤੀ।

ਦੋਨੋਂ ਆਗੂ ਇਸ ਗੱਲ 'ਤੇ ਸਹਿਮਤ ਸਨ ਕਿ ਭਾਰਤ-ਜਾਪਾਨ ਵਿਸ਼ੇਸ਼ ਰਣਨੀਤਕ ਅਤੇ ਕੌਮਾਂਤਰੀ ਭਾਈਵਾਲੀ ਨੇ ਪਿਛਲੇ ਕੁਝ ਸਾਲਾਂ ਦੌਰਾਨ ਵੱਡੀਆਂ ਮੱਲਾਂ ਮਾਰੀਆਂ ਹਨ ਅਤੇ ਉਨ੍ਹਾਂ ਨੇ ਆਪਸੀ ਭਰੋਸੇ ਅਤੇ ਸਾਂਝੀਆਂ ਕਦਰਾਂ ਕੀਮਤਾਂ ਤੇ ਅਧਾਰਤ ਇਸ ਸਬੰਧ ਨੂੰ ਹੋਰ ਮਜ਼ਬੂਤ ਕਰਨ ਦੀ ਆਪਣੀ ਇੱਛਾ ਜ਼ਾਹਰ ਕੀਤੀ।

ਦੋਨਾਂ ਨੇਤਾਵਾਂ ਨੇ ਇਸ ਗੱਲ ਉੱਤੇ ਸਹਿਮਤੀ ਪ੍ਰਗਟਾਈ ਕਿ COVID -19 ਮਹਾਂਮਾਰੀ ਸਮੇਤ ਕੌਮਾਂਤਰੀ ਚੁਣੌਤੀਆਂ ਦੇ ਮੱਦੇਨਜ਼ਰ ਦੋਵਾਂ ਦੇਸ਼ਾਂ ਦੀ ਭਾਈਵਾਲੀ ਹੋਰ ਵੀ ਪ੍ਰਸੰਗਕ ਹੋ ਜਾਂਦੀ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦੇ ਕੇ ਕਿਹਾ ਕਿ ਅਜ਼ਾਦ, ਖੁੱਲ੍ਹੇ ਅਤੇ ਸਮਾਵੇਸ਼ੀ ਭਾਰਤ-ਪ੍ਰਸ਼ਾਂਤ ਖੇਤਰ ਦਾ ਆਰਥਿਕ ਢਾਂਚਾ ਲਾਜ਼ਮੀ ਤੌਰ ਤੇ ਲਚਕਦਾਰ ਸਪਲਾਈ ਚੇਨਾਂ ਉੱਤੇ ਅਧਾਰਤ ਹੋਣਾ ਚਾਹੀਦਾ ਹੈ ਅਤੇ ਇਸ ਪ੍ਰਸੰਗ ਵਿੱਚ ਉਨ੍ਹਾਂ ਨੇ ਭਾਰਤ, ਜਾਪਾਨ ਅਤੇ ਅਜਿਹੀ ਸੋਚ ਰੱਖਣ ਵਾਲੇ ਹੋਰਨਾਂ ਦੇਸ਼ਾਂ ਦਰਮਿਆਨ ਭਾਈਵਾਲੀ ਦਾ ਸਵਾਗਤ ਕੀਤਾ।

ਦੋਨਾਂ ਆਗੂਆਂ ਨੇ ਦੋਵਾਂ ਦੇਸ਼ਾਂ ਦੀ ਆਰਥਿਕ ਭਾਈਵਾਲੀ ਦੇ ਮਾਮਲੇ 'ਚ ਹੋਈ ਤਰੱਕੀ ਦੀ ਸ਼ਲਾਘਾ ਕੀਤੀ ਅਤੇ ਇਸ ਸੰਦਰਭ ਵਿਚ ਵਿਸ਼ੇਸ਼ ਹੁਨਰ ਵਾਲੇ ਕਾਮਿਆਂ ਨਾਲ ਜੁੜੇ ਸਮਝੌਤੇ ਨੂੰ ਅੰਤਮ ਰੂਪ ਦਿੱਤੇ ਜਾਣ ਦਾ ਸਵਾਗਤ ਕੀਤਾ।

ਪ੍ਰਧਾਨ ਮੰਤਰੀ ਨੇ ਕੌਮਾਂਤਰੀ COVID-19 ਮਹਾਂਮਾਰੀ ਤੋਂ ਪੈਦਾ ਹੋਏ ਹਾਲਾਤ ਵਿੱਚ ਸੁਧਾਰ ਆਉਣ ਤੋਂ ਬਾਅਦ ਸੱਦਾ ਪ੍ਰਧਾਨ ਮੰਤਰੀ ਸੁਗਾ ਨੂੰ ਸਲਾਨਾ ਦੁਵੱਲੇ ਸ਼ਿਖਰ ਸੰਮੇਲਨ ਲਈ ਭਾਰਤ ਆਉਣ ਦਾ ਸੱਦਾ ਦਿੱਤਾ।

ਨਵੀਂ ਦਿਲੀ
25 ਸਤੰਬਰ, 2020

DISCLAIMER: This is an approximate translation. The original is available in English on MEA's website and may be referred to as the official press release.